4

ਨੰ:3/2/97-ਐਫ.ਪੀ.1/ 257
ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ, ਚੰਡੀਗੜ੍ਹ: 26-4-2011

ਸੇਵਾ ਵਿਖੇ

ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜਨਾਂ ਦੇ ਕਮਿਸ਼ਨਰ ਅਤੇ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ।

ਵਿਸ਼ਾ : ਪੰਜਾਬ ਸਰਕਾਰ ਦੇ ਕਰਮਚਾਰੀਆਂ ਅਤੇ ਪੈਨਸਨਰਾਂ ਨੂੰ ਮਿਤੀ 1.1.2011 ਤੋਂ ਵਧੀਆਂ ਦਰਾਂ ( 45% ਤੋ 51%) ਤੇ ਮਹਿੰਗਾਈ ਭੱਤਾ ਦੇਣ ਬਾਰੇ।

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸੇ ਤੇ ਇਸ ਵਿਭਾਗ ਦੇ ਗਸਤੀ ਪੱਤਰ ਨੰ: 3/2/97-1ਐਫ.ਪੀ.1/649 ਮਿਤੀ 13-10-2010 ਵੱਲ ਧਿਆਨ ਦਿਵਾਉਣ ਅਤੇ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਦੇ ਰਾਜਪਾਲ ਜੀ ਨੇ ਪ੍ਰਸੰਨਤਾ ਪੂਰਵਕ ਪੰਜਾਬ ਸਰਕਾਰ ਦੇ ਕਰਮਚਾਰੀਆਂ ਅਤੇ ਪੈਨਸਨਰਾਂ ਨੂੰ ਮਿਤੀ 1.1.2011 ਤੋਂ ਬੇਸਿਕ ਪੇ ਤੇ ਮੌਜੂਦਾ 45% ਤੋਂ ਵਧਾ ਕੇ 51% ਦੀ ਦਰ ਤੇ ਮਹਿੰਗਾਈ ਭੱਤਾ ਦੇਣ ਦੀ ਪ੍ਰਵਾਨਗੀ ਦਿੱਤੀ ਹੈ।

2. ਇਸ ਵਧੀ ਹੋਈ ਦਰ ਤੇ ਮਿਲਣਯੋਗ ਮਹਿੰਗਾਈ ਭੱਤੇ ਦੇ ਮਿਤੀ 1.1.2011 ਤੋਂ 30.4.2011 ਤੱਕ ਦੇ ਬਕਾਏ ਦੀ ਰਕਮ ਕਰਮਚਾਰੀਆਂ ਦੇ ਜੀ.ਪੀ. ਫੰਡ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇਗੀ ਅਤੇ ਇਸ ਰਕਮ ਨੂੰ ਜੀ. ਪੀ. ਫੰਡ ਖਾਤਿਆਂ ਵਿੱਚ ਵਾਧੂ ਜਮ੍ਹਾਂ ਰਕਮ ਸਮਝਿਆ ਜਾਵੇਗਾ ਅਤੇ ਉਸਤੇ ਮਿਲਣ ਵਾਲਾ ਵਿਆਜ ਜਮ੍ਹਾਂ ਕਰਵਾਈ ਰਕਮ ਦੇ ਮਹੀਨੇ ਤੋਂ ਅਗਲੇ ਮਹੀਨੇ ਦੀ ਪਹਿਲੀ ਤਾਰੀਖ ਤੋਂ ਲੱਗਣਯੋਗ ਹੋਵੇਗਾ। ਵਧੀ ਹੋਈ ਦਰ ਤੇ ਮਹਿੰਗਾਈ ਭੱਤੇ ਦਾ ਮਿਤੀ 1.5.2011 ਤੋਂ ਨਕਦ ਭੁਗਤਾਨ ਕੀਤਾ ਜਾਵੇਗਾ।

3. ਅਜਿਹੇ ਕਰਮਚਾਰੀ, ਜਿਹਨਾਂ ਦੀ ਨਿਯੁਕਤੀ ਪੰਜਾਬ ਸਰਕਾਰ ਵੱਲੋਂ ਪੱਤਰ ਨੰਬਰ: 3/72/ 2003-3ਐਫ.ਪੀ.ਪੀ.ਸੀ./7280 ਮਿਤੀ 12.12.2006 ਰਾਹੀ ਜਾਰੀ ਕੀਤੀ ਨਿਊ ਰੀਸਟਰੈਕਚਰਡ ਡਿਫਾਈਨਡ ਕੰਟਰੀਬਿਊਟਰੀ ਪੈਨਸ਼ਨ ਸਕੀਮ ਅਧੀਨ ਮਿਤੀ 1.1.2004 ਜਾਂ ਉਸ ਉਪਰੰਤ ਕੀਤੀ ਗਈ ਹੈ ਅਤੇ ਜਿਹਨਾਂ ਨੇ ਅਜੇ ਤੱਕ ਉਕਤ ਸਕੀਮ ਦੇ ਟਾਇਰ II ਅਧੀਨ ਆਪਣੇ ਖਾਤੇ ਨਹੀਂ ਖੁਲਵਾਏ, ਵਿਭਾਗਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਵਧੀਆਂ ਦਰਾਂ ਤੇ ਮਿਲਣ ਵਾਲੇ ਮਹਿੰਗਾਈ ਭੱਤੇ ਵਜੋਂ ਬਣਨ ਵਾਲੇ ਬਕਾਏ ਦੀ ਰਕਮ ਦੇ ਇਵਜ ਵਿੱਚ ਪੰਜਾਬ ਰਾਜ ਵਿੱਚ ਸਥਿਤ ਡਾਕਘਰਾਂ ਤੋਂ ਸਬੰਧਤ ਕਰਮਚਾਰੀਆਂ ਦੇ ਨਾਮ ਤੇ ਨੈਸ਼ਨਲ ਸੇਵਿੰਗ ਸਰਟੀਫਿਕੇਟ/ਕਿਸਾਨ ਵਿਕਾਸ ਪੱਤਰਾਂ ਦੀ ਖਰੀਦ ਕਰਨ।

4. ਅਜਿਹੇ ਕਰਮਚਾਰੀ ਜਿਹਨਾਂ ਨੇ ਪੰਜਾਬ ਸਰਕਾਰ ਦੀ ਸੇਵਾ ਪੱਤਰ ਨੰਬਰ:3/72/2003-3ਐਫ.ਪੀ.ਪੀ.ਸੀ./7280 ਮਿਤੀ 12.12.2006 ਰਾਹੀਂ ਜਾਰੀ ਕੀਤੀ ਨਿਊ ਰੀਸਟਰੈਕਚਰਡ ਡਿਫਾਈਨਡ ਕੰਟਰੀਬਿਊਟਰੀ ਪੈਨਸਨ ਸਕੀਮ ਅਧੀਨ 1.1.2004 ਜਾਂ ਉਸਤੋਂ ਬਾਅਦ ਜੁਆਇੰਨ ਕੀਤੀ ਹੈ, ਉਹਨਾਂ ਦਾ ਵਧੀਆਂ ਦਰਾਂ ਤੇ ਮਹਿੰਗਾਈ ਭੱਤੇ ਦੀ ਰਾਸ਼ੀ ਦੇ ਬਕਾਏ ਦਾ 10% ਹਿੱਸਾ ਨਿਊ ਰੀਸਟਰੈਕਚਰਡ ਡਿਫਾਈਨਡ ਕੰਟਰੀਬਿਊਟਰੀ ਪੈਨਸ਼ਨ ਸਕੀਮ ਦੇ ਟਾਇਰ I ਅਧੀਨ ਕੱਟਿਆ ਜਾਵੇਗਾ ਅਤੇ ਬਾਕੀ 90% ਹਿੱਸੇ ਦਾ ਪੰਜਾਬ ਰਾਜ ਵਿੱਚ ਸਥਿਤ ਡਾਕਘਰਾਂ ਤੋ ਨੈਸਨਲ ਸੇਵਿੰਗ ਸਰਟੀਫਿਕੇਟਸ/ਕਿਸਾਨ ਵਿਕਾਸ ਪੱਤਰ ਖਰੀਦ ਕੇ ਕਰਮਚਾਰੀਆਂ ਦੇ ਨਾਮ ਤੇ ਨਿਵੇਸ਼ ਕੀਤਾ ਜਾਵੇਗਾ।

5. ਪੰਜਾਬ ਸਰਕਾਰ ਦੇ ਸਾਰੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤੇ ਦੀ ਵਧੀ ਕਿਸ਼ਤ ਵੱਜੋਂ ਸਾਰੀ ਰਕਮ ਦਾ 1.5.2011 ਤੋ ਨਕਦ ਭੁਗਤਾਨ ਕੀਤਾ ਜਾਵੇਗਾ।

ਵਿਸ਼ਵਾਸਪਾਤਰ
ਜਸਬੀਰ ਕੌਰ
(ਜਸਬੀਰ ਕੌਰ)
ਅਧੀਨ ਸਕੱਤਰ ਵਿੱਤ (ਜ)

ਨੰ: 3/2/97-ਐਫ.ਪੀ.1/258 ਮਿਤੀ : 26-5-2011

ਇਸ ਦਾ ਇੱਕ ਉਤਾਰਾ ਸਮੇਤ ਇੱਕ ਵਾਧੂ ਕਾਪੀ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :

(I) ਮਹਾਂ ਲੇਖਾਕਾਰ (ਆਡਿਟ) ਪੰਜਾਬ, ਚੰਡੀਗੜ੍ਹ ।

(II) ਮਹਾਂਲੇਖਾਕਾਰ (ਲੇਖਾ ਅਤੇ ਹੱਕਦਾਰੀ) ਪੰਜਾਬ, ਚੰਡੀਗੜ੍ਹ ।

(III) ਮਹਾਂਲੇਖਾਕਾਰ (ਲੇਖਾ ਅਤੇ ਹੱਕਦਾਰੀ), ਉਤਰਾਖੰਡ, ਓਬਰਾਏ ਮੋਟਰ ਬਿਲਡਿੰਗ, ਸਹਾਰਨਪੁਰ ਰੋਡ ਮਾਜਰਾ, ਦੇਹਰਾਦੂਨ - 248171

(iv) ਮਹਾਂਲੇਖਾਕਾਰ (ਲੇਖਾ ਅਤੇ ਹੱਕਦਾਰੀ), ਇਲਹਾਬਾਦ, ਉਤਰ ਪ੍ਰਦੇਸ਼ ।

(ਜਸਬੀਰ ਕੌਰ)
ਅਧੀਨ ਸਕੱਤਰ ਵਿੱਤ (ਜ)

ਨੰ: 3/2/97-ਐਫ.ਪੀ.1/259 ਮਿਤੀ : 26-5-2011

ਉਤਾਰਾ ਨਿਮਨ ਲਿਖਤ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :

(I) ਸਕੱਤਰ, ਹਿਮਾਚਲ ਪ੍ਰਦੇਸ਼ ਸਰਕਾਰ, ਵਿੱਤ ਵਿਭਾਗ ਸ਼ਿਮਲਾ ।

(II) ਵਿੱਤ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ, ਚੰਡੀਗੜ੍ਹ।

(III) ਰਾਜ ਦੇ ਸਮੂਹ ਜਿਲਾ ਖਜ਼ਾਨਾ ਅਫਸਰ/ ਖਜ਼ਾਨਾ ਅਫ਼ਸਰ ।

(ਕਮਲੇਸ਼ ਅਰੋੜਾ)
ਸੁਪਰਡੰਟ

ਨੰ: 3/2/97-ਐਫ.ਪੀ.1/260 ਮਿਤੀ : 26-5-2011

ਇਸ ਦਾ ਇਕ ਉਤਾਰਾ ਨਿਮਨ ਲਿਖਤ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :

(1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।

(2) ਸਮੂਹ ਵਿੱਤੀ ਕਮਿਸ਼ਨਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ ।

(3) ਰੈਜੀਡੈਂਟ ਕਮਿਸ਼ਨਰ ਪੰਜਾਬ ਭਵਨ ਕਾਪਰਨਿਕਸ ਮਾਰਗ, ਨਵੀਂ ਦਿੱਲੀ ।

(4). ਪ੍ਰਮੁੱਖ ਸਕੱਤਰ ਵਿੱਤ, ਉਤਰਾਖੰਡ-4, ਸੁਭਾਸ਼ ਰੋਡ, ਸਕੱਤਰੇਤ ਦੇਹਰਾਦੂਨ - 248001

(ਕਮਲੇਸ਼ ਅਰੋੜਾ)
ਸੁਪਰਡੰਟ

ਨੰ: 3/2/97-ਐਫ.ਪੀ.1/261 ਮਿਤੀ : 26-5-2011

ਇਸ ਦਾ ਇਕ ਉਤਾਰਾ:-

(1). ਰਜਿਸਟਰਾਰ, ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ।

(2). ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ।

(3). ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ।

(4). ਰਜਿਸਟਰਾਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ।

(5). ਰਜਿਸਟਰਾਰ, ਡਾ: ਬੀ.ਆਰ. ਅੰਬੇਦਕਰ ਤਕਨੀਕੀ ਯੂਨੀਵਰਸਿਟੀ, ਜਲੰਧਰ ।

(6). ਰਜਿਸਟਰਾਰ, ਗੁਰੂ ਅੰਗਦ ਦੇਵ ਯੂਨੀਵਰਸਿਟੀ ਵੈਟਰਨਰੀ ਐਂਡ ਐਨੀਮਲ ਸਾਇੰਸ, ਲੁਧਿਆਣਾ ।

(ਕਮਲੇਸ਼ ਅਰੋੜਾ)
ਸੁਪਰਡੰਟ